# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

## 13:10

**ਮਿਤੀ :24-04-2026**

ਪੰਚਾਇਤੀ ਰਾਜ ਮੰਤਰਾਲਾ ਅੱਜ ਨਵੀਂ ਦਿੱਲੀ ਵਿੱਚ ਰਾਸ਼ਟਰੀ ਪੰਚਾਇਤੀ ਰਾਜ ਦਿਵਸ ਮਨਾ ਰਿਹਾ ਏ । ਇਹ ਦਿਨ ਇਤਿਹਾਸਕ 73ਵੇਂ ਸੰਵਿਧਾਨਕ ਸੋਧ ਐਕਟ ਦੇ ਲਾਗੂ ਹੋਣ ਦੀ ਯਾਦ ਦਿਵਾਉਂਦਾ ਏ। ਇਸ ਐਕਟ ਨੇ ਦੇਸ਼ ਵਿੱਚ ਪੰਚਾਇਤੀ ਰਾਜ ਸੰਸਥਾਵਾਂ ਨੂੰ ਸੰਵਿਧਾਨਕ ਦਰਜਾ ਅਤੇ ਕਾਨੂੰਨੀ ਮਾਨਤਾ ਦਿੱਤੀ । ਉਪ-ਰਾਸ਼ਟਰਪਤੀ ਸੀ.ਪੀ. ਰਾਧਾਕ੍ਰਿਸ਼ਨਨ ਨੇ ਰਾਸ਼ਟਰੀ ਪੰਚਾਇਤੀ ਰਾਜ ਦਿਵਸ ਦੇ ਮੌਕੇ 'ਤੇ ਸਾਰੇ ਨਾਗਰਿਕਾਂ, ਖਾਸ ਕਰਕੇ ਪੰਚਾਇਤੀ ਰਾਜ ਸੰਸਥਾਵਾਂ ਦੇ ਚੁਣੇ ਹੋਏ ਨੁਮਾਇੰਦਿਆਂ ਅਤੇ ਅਧਿਕਾਰੀਆਂ ਨੂੰ ਸ਼ੁਭਕਾਮਨਾਵਾਂ ਦਿੱਤੀਆਂ। ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਸ਼੍ਰੀ ਰਾਧਾਕ੍ਰਿਸ਼ਨਨ ਨੇ ਕਿਹਾ ਕਿ ਪੰਚਾਇਤੀ ਰਾਜ ਜ਼ਮੀਨੀ ਪੱਧਰ 'ਤੇ ਲੋਕਤੰਤਰ ਅਤੇ ਭਾਗੀਦਾਰੀ ਸ਼ਾਸਨ ਦੀ ਭਾਵਨਾ ਨੂੰ ਦਰਸਾਉਂਦਾ ਏ , ਸਥਾਨਕ ਭਾਈਚਾਰਿਆਂ ਨੂੰ ਸਸ਼ਕਤ ਬਣਾਉਂਦਾ ਏ , ਸਮਾਵੇਸ਼ੀ ਵਿਕਾਸ ਨੂੰ ਮਜ਼ਬੂਤ ਕਰਦਾ ਏ । ਇਹ ਯਕੀਨੀ ਬਣਾਉਂਦਾ ਏ ਕਿ ਪਿੰਡ ਪੱਧਰ 'ਤੇ ਫੈਸਲੇ ਲੈਣ ਵਿੱਚ ਲੋਕਾਂ ਦੀ ਆਵਾਜ਼ ਸੁਣੀ ਜਾਵੇ। ਉਪ-ਰਾਸ਼ਟਰਪਤੀ ਨੇ ਕਿਹਾ ਕਿ ਇਹ ਦਿਨ ਦੇਸ਼

ਦੀਆਂ ਲੋਕਤੰਤਰੀ ਸੰਸਥਾਵਾਂ ਨੂੰ ਮਜ਼ਬੂਤ ਕਰਨ ਅਤੇ ਸਾਰਿਆਂ ਲਈ ਟਿਕਾਊ ਵਿਕਾਸ ਪ੍ਰਾਪਤ ਕਰਨ ਲਈ ਨਵੇਂ ਯਤਨਾਂ ਨੂੰ ਪ੍ਰੇਰਿਤ ਕਰਦਾ ਏ। ਗ੍ਰਿਹਿ ਮੰਤਰੀ ਅਮਿਤ ਸ਼ਾਹ ਨੇ ਵੀ ਅੱਜ ਇੱਕ ਸੋਸ਼ਲ ਮੀਡੀਆ ਪੋਸਟ ਵਿੱਚ ਕਿਹਾ ਕਿ ਪੰਚਾਇਤ ਪ੍ਰਣਾਲੀ ਭਾਰਤ ਦੀਆਂ ਸਭ ਤੋਂ ਪੁਰਾਣੀਆਂ ਲੋਕਤੰਤਰੀ ਰਿਵਾਇਤਾਂ ਵਿੱਚੋਂ ਇੱਕ ਏ ਅਤੇ ਲੋਕਤੰਤਰ ਦਾ ਇੱਕ ਮਜ਼ਬੂਤ ਥੰਮ੍ਹ ਏ । ਉਨ੍ਹਾਂ ਕਿਹਾ ਕਿ ਪੰਚਾਇਤਾਂ, ਜੋ ਪੇਂਡੂ ਵਿਕਾਸ, ਸ਼ਾਸਨ, ਸਮਾਜਿਕ ਨਿਆਂ, ਆਫ਼ਤ ਪ੍ਰਬੰਧਨ ਅਤੇ ਸੱਭਿਆਚਾਰਕ ਸੰਭਾਲ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੀਆਂ ਨੇ , ਹੋਰ ਵੀ ਸਸ਼ਕਤ ਅਤੇ ਆਤਮ ਨਿਰਭਰ ਬਣ ਰਹੀਆਂ ਨੇ ।

---

ਸਮਾਜਿਕ ਨਿਆਂ ਅਤੇ ਸਸ਼ਕਤੀਕਰਨ ਮੰਤਰਾਲਾ ਅੱਜ ਤੋਂ 26 ਅਪ੍ਰੈਲ ਤੱਕ ਚੰਡੀਗੜ੍ਹ ਵਿੱਚ "ਅੰਤਯੋਦਿਆ ਕਾ ਸੰਕਲਪ, ਅੰਮ੍ਰਿਤ ਕਾਲ ਕਾ ਪ੍ਰਤਿਬਿੰਬ - ਵਿਕਸਿਤ ਭਾਰਤ @2047" ਥੀਮ 'ਤੇ ਸੂਬਿਆਂ ਅਤੇ ਕੇਂਦਰ ਸ਼ਾਸਤ ਪ੍ਰਦੇਸ਼ਾਂ ਨਾਲ ਤਿੰਨ ਦਿਨਾਂ ਚਿੰਤਨ ਸ਼ਿਵਿਰ ਦਾ ਆਯੋਜਨ ਕਰ ਰਿਹਾ ਏ । ਇਹ ਥੀਮ ਅੰਮ੍ਰਿਤ ਕਾਲ ਅਤੇ ਵਿਕਸਿਤ ਭਾਰਤ ਦੇ ਦ੍ਰਿਸ਼ਟੀਕੋਣ ਦੇ ਮੁਤਾਬਿਕ ਸਮਾਵੇਸ਼ੀ ਸਸ਼ਕਤੀਕਰਨ ਪ੍ਰਤੀ ਮੰਤਰਾਲੇ ਦੀ ਵਚਨਬੱਧਤਾ ਨੂੰ ਦਰਸਾਉਂਦਾ ਏ । ਉਦਘਾਟਨੀ ਸੈਸ਼ਨ ਦੀ ਪ੍ਰਧਾਨਗੀ ਕੇਂਦਰੀ ਸਮਾਜਿਕ ਨਿਆਂ ਅਤੇ ਸਸ਼ਕਤੀਕਰਨ ਮੰਤਰੀ, ਡਾ. ਵੀਰੇਂਦਰ ਕੁਮਾਰ, ਰਾਜ ਮੰਤਰੀ ਬੀ. ਐਲ. ਵਰਮਾ ਅਤੇ ਰਾਮਦਾਸ

ਅਠਾ-ਵਲੇ ਦੀ ਮੌਜੂਦਗੀ ਵਿੱਚ ਕਰਨਗੇ। ਇਸ ਸਮਾਗਮ ਵਿੱਚ ਸੂਬਿਆਂ ਅਤੇ ਕੇਂਦਰ ਸ਼ਾਸਤ ਪ੍ਰਦੇਸ਼ਾਂ ਦੇ ਮੰਤਰੀ ਤੇ ਅਧਿਕਾਰੀ ਅਤੇ ਵਿਭਾਗ ਦੇ ਸਕੱਤਰ ਤੇ ਸੀਨੀਅਰ ਅਧਿਕਾਰੀ ਸ਼ਾਮਲ ਹੋਣਗੇ। ਪੰਜਾਬ ਦੇ ਰਾਜਪਾਲ ਅਤੇ ਕੇਂਦਰ ਸ਼ਾਸਿਤ ਪ੍ਰਦੇਸ਼ ਚੰਡੀਗੜ੍ਹ ਦੇ ਪ੍ਰਸ਼ਾਸਕ ਗੁਲਾਬ ਚੰਦ ਕਟਾਰੀਆ, 24 ਅਪ੍ਰੈਲ ਨੂੰ ਚਿੰਤਨ ਸ਼ਿਵਿਰ ਦੌਰਾਨ ਵੀ ਮੌਜੂਦ ਰਹਿਣਗੇ।

---------------------------------------------------------------------------------

ਹੰਗਾਮੀ ਤਿਆਰੀ ਦਾ ਮੁਲਾਂਕਣ ਕਰਨ ਲਈ ਅੱਜ ਰਾਤ 8 ਵਜੇ ਤੋਂ 8 ਵੱਜਕੇ 15 ਮਿੰਟ ਤਕ, ਪੰਜਾਬ ਭਰ ਵਿੱਚ, ਇੱਕ ਪ੍ਰ-ਕਿਰਿਆਤਮਕ ਬਲੈਕਆਊਟ ਮੌਕ ਡ੍ਰਿਲ ਕੀਤੀ ਜਾਵੇਗੀ। ਇਹ ਡ੍ਰਿੱਲ ਸੂਬੇ ਵਿੱਚ ਸਿਵਲ ਡਿਫੈਂਸ ਤਿਆਰੀ ਦਾ ਮੁਲਾਂਕਣ ਕਰਨ ਲਈ ਕੀਤੀ ਜਾ ਰਹੀ ਏ । ਲੋਕਾਂ ਨੂੰ ਇਸ ਬਾਰੇ ਚਿੰਤਾ ਕਰਨ ਦੀ ਲੋੜ ਨਹੀਂ ਏ । ਗ੍ਰਹਿ ਮੰਤਰਾਲੇ ਦੇ ਨਿਰਦੇਸ਼ਾਂ ਮੁਤਾਬਿਕ ਸੂਬੇ ਵਿੱਚ ਸਿਵਲ ਡਿਫੈਂਸ ਤਿਆਰੀ ਦੀ ਜਾਂਚ ਕਰਨ ਲਈ, ਅੱਜ ਸਾਰੇ ਜ਼ਿਲ੍ਹਿਆਂ ਵਿੱਚ ਪਹਿਲਾਂ ਤੋਂ ਪਛਾਣੇ ਗਏ ਖੇਤਰਾਂ ਵਿੱਚ, ਇੱਕ ਸਿਵਲ ਡਿਫੈਂਸ ਏਅਰ ਰੇਡ, ਬਲੈਕ-ਆਊਟ ਮੌਕ ਡ੍ਰਿਲ ਕੀਤੀ ਜਾਵੇਗੀ। ਮੌਕ ਡ੍ਰਿਲ ਇੱਕ ਹਵਾਈ ਹਮਲੇ ਦੇ ਚੇਤਾਵਨੀ ਸਿਗਨਲ ਨਾਲ ਸ਼ੁਰੂ ਹੋਵੇਗੀ। ਇਹਨਾਂ ਪਛਾਣੇ ਗਏ ਖੇਤਰਾਂ ਵਿੱਚ ਆਮ ਲੋਕਾਂ ਨੂੰ ਬਲੈਕ-ਆਊਟ ਦੇ ਸਮੇਂ ਦੌਰਾਨ ਸਾਰੀਆਂ ਗੈਰ-ਜ਼ਰੂਰੀ ਲਾਈਟਾਂ ਬੰਦ

ਕਰਨ ਦੇ ਨਿਰਦੇਸ਼ ਦਿੱਤੇ ਗਏ ਨੇ । ਹਾਲਾਂਕਿ, ਜ਼ਰੂਰੀ ਸੇਵਾਵਾਂ ਡ੍ਰਿਲ ਦੌਰਾਨ ਪੂਰੀ ਤਰ੍ਹਾਂ ਕਾਰਜਸ਼ੀਲ ਰਹਿਣਗੀਆਂ।

--------------------------------------------------------------------------------

ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਨੇ ਬੀਤੇ ਗੁਰਦਾਸਪੁਰ ਸਥਿਤ ਸਰਦਾਰ ਬੇਅੰਤ ਸਿੰਘ ਸਟੇਟ ਯੂਨੀਵਰਸਿਟੀ ਦੇ ਪਹਿਲੇ ਕਨਵੋਕੇਸ਼ਨ ਵਿੱਚ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ। ਉਨ੍ਹਾਂ ਨੇ ਡਿਗਰੀਆਂ ਪ੍ਰਾਪਤ ਕਰਨ ਵਾਲੇ 560 ਵਿਦਿਆਰਥੀਆਂ, ਉਨ੍ਹਾਂ ਦੇ ਮਾਪਿਆਂ ਅਤੇ ਯੂਨੀਵਰਸਿਟੀ ਸਟਾਫ ਨੂੰ ਵਧਾਈ ਦਿੱਤੀ। ਉਨ੍ਹਾਂ ਨੇ ਵਾਈਸ ਚਾਂਸਲਰ ਡਾ. ਸੁਸ਼ੀਲ ਮਿੱਤਲ ਨੂੰ ਯੂਨੀਵਰਸਿਟੀ ਨੂੰ 12-B' ਦਾ ਦਰਜਾ ਦਿਵਾਉਣ ਲਈ ਯਤਨ ਕਰਨ ਦੀ ਸਲਾਹ ਦਿੱਤੀ ਏ , ਤਾਂ ਜੋ ਕੇਂਦਰ ਸਰਕਾਰ ਅਤੇ ਯੂ.ਜੀ.ਸੀ. ਤੋਂ ਫੰਡ ਅਤੇ ਗ੍ਰਾਂਟਾਂ ਪ੍ਰਾਪਤ ਕੀਤੀਆਂ ਜਾ ਸਕਣ। ਉਨ੍ਹਾਂ ਨੇ ਹਦਾਇਤ ਕੀਤੀ ਕਿ ਯੂਨੀਵਰਸਿਟੀ ਤੋਂ ਪੜ੍ਹ ਕੇ ਗਏ ਹਰ ਵਿਦਿਆਰਥੀ ਦਾ ਪੂਰਾ ਰਿਕਾਰਡ ਰੱਖਿਆ ਜਾਵੇ ਤਾਂ ਜੋ ਪਤਾ ਲੱਗ ਸਕੇ ਕਿ ਵਿਦਿਆਰਥੀ ਅੱਜ ਕਿੱਥੇ ਨੇ ਅਤੇ ਦੇਸ਼ ਲਈ ਕੀ ਯੋਗਦਾਨ ਪਾ ਰਹੇ ਨੇ ।

--------------------------------------------------------------------------------

ਪੰਜਾਬ ਸਰਕਾਰ ਅਤੇ ਫਿਨਲੈਂਡ ਦੀ ਟੂਰਕੂ ਯੂਨੀਵਰਸਿਟੀ ਦਰਮਿਆਨ ਸਹਿਯੋਗ ਦੇ ਨਾਲ ਪੰਜਾਬ ਦੇ ਕਲਾਸਰੂਮਾਂ ਵਿੱਚ ਪ੍ਰਤੱਖ ਤਬਦੀਲੀਆਂ ਦਿਖਣੀਆਂ ਸ਼ੁਰੂ ਹੋ ਗਈਆਂ ਨੇ , ਜਿਸਨੇ ਅਧਿਆਪਨ ਅਭਿਆਸਾਂ ਨੂੰ

ਵਧੇਰੇ ਵਿਹਾਰਕ ਬਣਾ ਦਿੱਤਾ ਏ । ਫਿਨਲੈਂਡ ਦੀ ਆਪਣੀ ਸਰਕਾਰੀ ਫੇਰੀ ਦੌਰਾਨ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕੁਕੁਲੋ-ਮੋਈਕੋ-ਇਨੇਨ ਅਰਲੀ ਚਾਈਲਡਹੁੱਡ ਐਜੂਕੇਸ਼ਨ ਐਂਡ ਕੇਅਰ ਸੈਂਟਰ ਦਾ ਦੌਰਾ ਕੀਤਾ। ਮੁੱਖ ਮੰਤਰੀ ਨੇ ਕਿਹਾ ਕਿ ਇਹ ਪਹਿਲਕਦਮੀ ਪਹਿਲਾਂ ਹੀ ਸਥਾਨਕ ਕਲਾਸਰੂਮਾਂ ਨਾਲ ਆਲਮੀ ਸਿੱਖਿਆ ਮੁਹਾਰਤ ਨੂੰ ਇਕਸਾਰ ਕਰਕੇ ਸ਼ਾਨਦਾਰ ਨਤੀਜੇ ਦੇ ਰਹੀ ਏ |ਮੁੱਖ ਮੰਤਰੀ ਕਿਹਾ ਕਿ ਸਕੂਲ ਸਿੱਖਿਆ ਵਿਭਾਗ ਅਧੀਨ ਸਿਖਿਆ ਖੋਜ ਤੇ ਸਿਖਲਾਈ ਵਾਰੇ ਰਾਜ ਕੌਂਸਲ ਰਾਹੀਂ ਸ਼ੁਰੂ ਹੋਈ ਇਹ ਭਾਈਵਾਲੀ ਸ਼ੁਰੂਆਤੀ ਅਤੇ ਬੁਨਿਆਦੀ ਸਿੱਖਿਆ ਵਿੱਚ ਅਧਿਆਪਕ ਦੀ ਭੂਮਿਕਾ ਨੂੰ ਮਜ਼ਬੂਤ ਕਰਨ ਦੇ ਉਪਰਾਲਿਆਂ ਨੂੰ ਮਜ਼ਬੂਤ ਕਰੇਗੀ । ਪੰਜਾਬ ਦੀ ਸਿੱਖਿਆ ਪ੍ਰਣਾਲੀ ਵਿੱਚ ਬਾਲ-ਕੇਂਦ੍ਰਿਤ ਅਤੇ ਖੇਡ-ਅਧਾਰਤ ਸਿੱਖਿਆ ਨੂੰ ਸ਼ਾਮਲ ਕਰਨ ਲਈ ਲੰਬੇ ਸਮੇਂ ਦੇ ਸੰਸਥਾਗਤ ਉਪਰਾਲੇ ਵਜੋਂ ਤਿਆਰ ਕੀਤੀ ਗਈ ਏ ਜਿਸ ਵਿੱਚ ਬਿਹਤਰੀਨ ਸਿੱਖਿਆ ਅਭਿਆਸਾਂ ਨੂੰ ਵੀ ਸ਼ਾਮਲ ਕੀਤਾ ਗਿਆ ਏ । ਇਹ ਪ੍ਰੋਗਰਾਮ ਅਧਿਆਪਕਾਂ ਨੂੰ ਖੋਜ-ਅਧਾਰਤ ਤਰੀਕਿਆਂ ਨਾਲ ਲੈਸ ਕਰਨ 'ਤੇ ਕੇਂਦਰਿਤ ਏ , ਇਹ ਯਕੀਨੀ ਬਣਾਉਂਦਿਆਂ ਕਿ ਇਹ ਪਹੁੰਚ ਪੰਜਾਬ ਦੇ ਸਮਾਜਿਕ-ਸੱਭਿਆਚਾਰਕ ਸੰਦਰਭ ਦੇ ਅਨੁਕੂਲ ਹੋਵੇ। ਜ਼ਿਕਰਯੋਗ ਏ ਕਿ ਮਈ ਤੱਕ ਚਾਰ ਗਰੁੱਪਾਂ ਵਿੱਚ ਲਗਪਗ 300 ਅਧਿਆਪਕ

ਸਿਖਲਾਈ ਪ੍ਰਾਪਤ ਕਰ ਲੈਣਗੇ, ਜਿਸ ਨਾਲ ਪੰਜਾਬ ਭਰ ਦੇ ਵਿਦਿਆਰਥੀਆਂ ਨੂੰ ਲਾਭ ਹੋਵੇਗਾ।

---------------------------------------------------------------------------

ਪੰਜਾਬ ਦੇ ਕੈਬਨਿਟ ਮੰਤਰੀ ਬਰਿੰਦਰ ਕੁਮਾਰ ਗੋਇਲ ਨੇ ਕੱਲ ਲੋਦੀਪੁਰ, ਅਗਮਪੁਰ, ਹਰਸਾਬੇਲਾ ਅਤੇ ਅਜੌਲੀ ਖੇਤਰਾਂ ਦਾ ਦੌਰਾ ਕਰਕੇ ਚੱਲ ਰਹੇ ਹੜ੍ਹ ਸੁਰੱਖਿਆ ਕਾਰਜਾਂ ਦਾ ਜਾਇਜ਼ਾ ਲਿਆ। ਉਨ੍ਹਾਂ ਨੇ ਸਤਲੁਜ ਦਰਿਆ ਦੇ ਨਾਲ ਚੱਲ ਰਹੇ ਕੰਮਾਂ ਦੀ ਪ੍ਰਗਤੀ ਬਾਰੇ ਅਧਿਕਾਰੀਆਂ ਤੋਂ ਵਿਸਥਾਰ ਚ ਜਾਣਕਾਰੀ ਪ੍ਰਾਪਤ ਕੀਤੀ ਅਤੇ ਉਨ੍ਹਾਂ ਨੂੰ ਸਮੇਂ ਸਿਰ ਕੰਮ ਪੂਰਾ ਕਰਨ ਦੇ ਨਿਰਦੇਸ਼ ਦਿੱਤੇ। ਕੈਬਨਿਟ ਮੰਤਰੀ ਨੇ ਦੱਸਿਆ ਕਿ ਸਤਲੁਜ ਦਰਿਆ ਦੇ ਖੱਬੇ ਕੰਢੇ 'ਤੇ ਸਥਿਤ ਪਿੰਡ ਲੋਦੀਪੁਰ ਵਿੱਚ, 2026 ਵਿੱਚ ਲੋਦੀਪੁਰ ਹੜ੍ਹ ਸੁਰੱਖਿਆ ਪ੍ਰੋਜੈਕਟ ਤਹਿਤ ਕੁੱਲ 1700 ਫੁੱਟ ਕੰਮ ਕੀਤਾ ਜਾ ਰਿਹਾ ਏ ਤਾਂ ਜੋ ਭਵਿੱਖ ਵਿੱਚ ਦਰਿਆ ਦੇ ਕੰਢੇ ਦੀ ਸੁਰੱਖਿਆ ਨੂੰ ਯਕੀਨੀ ਬਣਾਇਆ ਜਾ ਸਕੇ। ਇਸ ਵਿੱਚ ਚਰਨ ਗੰਗਾ ਦਰਿਆ ਦੇ 300 ਫੁੱਟ ਦਾ ਪੁਨਰ ਨਿਰਮਾਣ ਅਤੇ ਸਤਲੁਜ ਦਰਿਆ ਦੇ ਨਾਲ-ਨਾਲ 13 ਸਟੱਡਾਂ ਦਾ ਨਿਰਮਾਣ ਸ਼ਾਮਲ ਏ । ਇਸ ਪ੍ਰੋਜੈਕਟ ਦੀ ਕੁੱਲ ਲਾਗਤ ਲਗਭਗ 4. ਕਰੋੜ 62 ਲਖ ਰੁਪਏ ਏ ਅਤੇ ਇਹ ਲੋਦੀਪੁਰ ਅਤੇ ਬੁਰਜ ਸਮੇਤ ਆਲੇ ਦੁਆਲੇ ਦੇ ਖੇਤਰਾਂ ਨੂੰ ਹੜ੍ਹ ਸੁਰੱਖਿਆ ਪ੍ਰਦਾਨ ਕਰੇਗਾ ਅਤੇ ਖੇਤੀਬਾੜੀ ਭੂਮੀ ਸੁਰੱਖਿਆ ਨੂੰ ਮਜ਼ਬੂਤ ਕਰੇਗਾ।

---------------------------------------------------------------------------

ਮਿਸਰ ਦੇ ਕਾਹਿਰਾ ਵਿੱਚ ਚੱਲ ਰਹੇ ISSF ਜੂਨੀਅਰ ਸ਼ੂਟਿੰਗ ਵਿਸ਼ਵ ਕੱਪ ਵਿੱਚ ਭਾਰਤ ਦੋ ਸੋਨੇ ਤੇ ਤਮਗਿਆਂ ਸਮੇਤ 9 ਤਮਗਿਆਂ ਨਾਲ ਤਗਮਾ ਸੂਚੀ ਵਿੱਚ ਮੋਹਰੀ ਏ। ਪ੍ਰਾਚੀ ਗਾਇਕਵਾੜ ਨੇ ਕੱਲ੍ਹ ਜੂਨੀਅਰ ਮਹਿਲਾ 50 ਮੀਟਰ ਰਾਈਫਲ ਮੁਕਾਬਲੇ ਵਿੱਚ ਸੋਨੇ ਦਾ ਤਮਗਾ ਜਿੱਤਿਆ।

---------------------------------------------------------------------------

IPL ਕ੍ਰਿਕੇਟ ਵਿੱਚ,  ਰਾਇਲ ਚੈਲੇਂਜਰਜ਼ ਬੈਂਗਲੁਰੂ ਦਾ ਮੁਕਾਬਲਾ ਅੱਜ, ਬੈਂਗਲੁਰੂ ਦੇ ਐਮ ਚਿੰਨਾਸਵਾਮੀ ਸਟੇਡੀਅਮ ਵਿੱਚ ਸ਼ਾਮੀਂ ਸਾਢੇ 7 ਵਜੇ, ਗੁਜਰਾਤ ਟਾਈਟਨਜ਼ ਨਾਲ ਹੋਵੇਗਾ। ਬੀਤੀ ਰਾਤ ਚੇਨਈ ਸੁਪਰ ਕਿੰਗਜ਼ ਨੇ  ਮੁੰਬਈ ਦੇ ਵਾਨਖੇੜੇ ਸਟੇਡੀਅਮ ਵਿੱਚ, ਮੁੰਬਈ ਇੰਡੀਅਨਜ਼ ਨੂੰ 103 ਦੌੜਾਂ ਨਾਲ ਹਰਾਇਆ।

---------------------------------------------------------------------------